# Telephone conversation between PM and Prime Minister of Canada

April 29, 2020

## ਪ੍ਰਧਾਨ ਮੰਤਰੀ ਅਤੇ ਕੈਨੇਡਾ ਦੇ ਪ੍ਰਧਾਨ ਮੰਤਰੀ ਦਰਮਿਆਨ ਹੋਈ ਟੈਲੀਫੋਨ 'ਤੇ ਗੱਲਬਾਤ

29 ਅਪ੍ਰੈਲ, 2020

ਪ੍ਰਧਾਨ ਮੰਤਰੀ ਨੇ ਅੱਜ ਕੈਨੇਡਾ ਦੇ ਪ੍ਰਧਾਨ ਮੰਤਰੀ ਮਹਾਮਹਿਮ ਜਸਟਿਨ ਟਰੂਡੋ ਨਾਲ ਫੋਨ 'ਤੇ ਗੱਲਬਾਤ ਕੀਤੀ।

ਦੋਨਾਂ ਆਗੂਆਂ ਨੇ COVID -19 ਮਹਾਂਮਾਰੀ ਦੇ ਮੌਜੂਦਾ ਕੌਮਾਂਤਰੀ ਹਾਲਾਤ ਬਾਰੇ ਗੱਲਬਾਤ ਕੀਤੀ। ਉਨਾਂ ਨੇ ਕੌਮਾਂਤਰੀ ਏਕੇ ਅਤੇ ਤਾਲਮੇਲ ਦੀ ਮਹੱਤਤਾ, ਸਪਲਾਈ ਚੇਨ ਨੂੰ ਕਾਇਮ ਰੱਖਣ ਅਤੇ ਭਾਈਵਾਲੀ ਵਿੱਚ ਖੋਜ ਗਤੀਵਿਧੀਆਂ ਉੱਤੇ ਸਹਿਮਤੀ ਜ਼ਾਹਰ ਕੀਤੀ।

ਪ੍ਰਧਾਨ ਮੰਤਰੀ ਨੇ ਕੈਨੇਡਾ ਦੇ ਪ੍ਰਧਾਨ ਮੰਤਰੀ ਨੂੰ ਕੈਨੇਡਾ ਵਿੱਚ ਮੌਜੂਦ ਭਾਰਤੀ ਨਾਗਰਿਕਾਂ, ਖਾਸਕਰ ਭਾਰਤੀ ਵਿਦਿਆਰਥੀਆਂ, ਦੀ ਮਦਦ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਪ੍ਰਧਾਨ ਮੰਤਰੀ ਟਰੂਡੋ ਨੇ ਭਾਰਤ ਵਿੱਚ ਰਹਿ ਰਹੇ ਕੈਨੇਡੀਅਨ ਨਾਗਰਿਕਾਂ ਲਈ ਭਾਰਤ ਸਰਕਾਰ ਵੱਲੋਂ ਦਿੱਤੀ ਗਈ ਸਹਾਇਤਾ ਦੀ ਸ਼ਲਾਘਾ ਕੀਤੀ।

ਪ੍ਰਧਾਨ ਮੰਤਰੀ ਨੇ ਇਸ ਗੱਲ ਦਾ ਭਰੋਸਾ ਦਿਵਾਇਆ ਕਿ ਦਵਾਈਆਂ ਦੇ ਖੇਤਰ ਵਿੱਚ ਭਾਰਤ ਦੀਆਂ ਉਤਪਾਦਕ ਸਮਰੱਥਾਵਾਂ ਹਰ ਮੁਮਕਿਨ ਹੱਦ ਤੱਕ ਕੈਨੇਡਾ ਸਮੇਤ ਦੁਨੀਆਂ ਦੇ ਨਾਗਰਿਕਾਂ ਦੀ ਸਹਾਇਤਾ ਲਈ ਹਾਜ਼ਰ ਰਹਿਣਗੀਆਂ।

ਦੋਨਾਂ ਆਗੂਆਂ ਨੇ ਇਸ ਗੱਲ 'ਤੇ ਸਹਿਮਤੀ ਪ੍ਰਗਟਾਈ ਕਿ ਭਾਰਤ ਅਤੇ ਕੈਨੇਡਾ ਦੀ ਸਾਂਝੇਦਾਰੀ ਇਸ ਮਹਾਂਮਾਰੀ ਨਾਲ ਨਜਿੱਠਣ ਦੀ ਆਲਮੀ ਕੋਸ਼ਿਸ਼, ਖ਼ਾਸਕਰ COVID-19 ਲਈ ਸਾਂਝੇ ਤੌਰ 'ਤੇ ਕੋਈ ਟੀਕਾ ਜਾਂ ਇਲਾਜ ਲੱਭਣ ਲਈ, ਵਿੱਚ ਸਾਰਥਕ ਯੋਗਦਾਨ ਪਾ ਸਕਦੀ ਹੈ।

ਨਵੀਂ ਦਿੱਲੀ
28 ਅਪ੍ਰੈਲ, 2020

DISCLAIMER: This is an approximate translation. The original is available in English on MEA's website and may be referred to as the official press release.